# Vigilance Bureau Punjab

## Vigilance nabs ASI for taking bribe

Chandigarh, November 22: State Vigilance Bureau, today nabbed an Assistant Sub Inspector (ASI) posted at Sidhwan Bait Police station, Ludhiana district red handed while accepting bribe of Rs 12,000.

Disclosing this here an official spokesperson of the Vigilance Bureau said ASI Sukhbeg Singh was nabbed red handed on the complaint of Bhawan Singh of village Talwandi Kalan in Ludhiana district. The complainant has approached the VB and alleged that the accused ASI was demanding Rs 25,000 to help in a police complaint case registered against him and the deal was struck at Rs. 12,000.

After verifying his information, the vigilance team laid a trap and the accused ASI was arrested on the spot taking bribe of Rs. 12,000 from the complainant in the presence of two official witnesses.

He informed that a case under Prevention of Corruption Act has been registered against the accused at VB police station Ludhiana and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 22 ਨਵੰਬਰਃ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਸਿੱਧਵਾਂ ਬੇਟ, ਲੁਧਿਆਣਾ ਜਿਲ੍ਹਾ ਵਿਖੇ ਤਾਇਨਾਤ ਏ.ਐਸ.ਆਈ. ਸੁਖਬੇਗ ਸਿੰਘ ਨੂੰ 12,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਭਗਵਾਨ ਸਿੰਘ ਵਾਸੀ ਪਿੰਡ ਤਲਵੰਡੀ ਕਲਾਂ, ਜਿਲ੍ਹਾ ਲੁਧਿਆਣਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਉਸ ਵਿਰੁੱਧ ਦਰਜ ਕਰਵਾਈ ਗਈ ਸ਼ਿਕਾਇਤ ਵਿਚ ਰਾਜ਼ੀਨਾਮਾ ਕਰਾਉਣ ਬਦਲੇ 25,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 12,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 12,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

---------